**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :30-06-2026**

ਸਰਕਾਰ ਨੇ ਪੈਟਰੋਲ ਅਤੇ ਡੀਜ਼ਲ ਦੀ ਵਿਕਰੀ ਅਤੇ ਵੰਡ ਨੂੰ ਨਿਯੰਤਰਿਤ ਕਰਨ ਵਾਲੇ ਅਸਥਾਈ ਨੇਮਬੰਧੀ ਉਪਾਵਾਂ ਨੂੰ ਵਾਪਸ ਲੈਣ ਦਾ ਫੈਸਲਾ ਕੀਤਾ ਏ । ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਪਹਿਲੀ ਜੁਲਾਈ, 2026 ਤੋਂ ਜਨਤਕ ਖੇਤਰ ਦੇ ਤੇਲ ਮਾਰਕੀਟਿੰਗ ਕੰਪਨੀਆਂ ਦੇ ਪ੍ਰਚੂਨ ਆਉਟਲੈਟਾਂ ਰਾਹੀਂ ਮੋਟਰ ਸਪਿਰਿਟ ਅਤੇ ਹਾਈ ਸਪੀਡ ਡੀਜ਼ਲ ਤੋਂ ਅਸਥਾਈ ਉਪਾਅ ਹਟਾ ਦਿੱਤੇ ਜਾਣਗੇ। ਦੇਸ਼ ਵਿੱਚ ਪੈਟਰੋਲੀਅਮ ਉਤਪਾਦਾਂ ਦੀ ਸਪਲਾਈ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ, ਸਰਕਾਰ ਨੇ ਇਹ ਸਿੱਟਾ ਕੱਢਿਆ ਏ ਕਿ ਜਨਤਕ ਹਿੱਤ ਵਿੱਚ ਅਸਥਾਈ ਨੇਮ੍ਬ੍ਧੀ ਉਪਾਵਾਂ ਦੀ ਹੁਣ ਲੋੜ ਨਹੀਂ ਏ ।

---

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਖੇਤੀਬਾੜੀ ਖੇਤਰ ਦੇ ਵਿਕਾਸ ਤੋਂ ਬਿਨਾਂ ਵਿਕਸਤ ਭਾਰਤ ਦਾ ਸੁਪਨਾ ਸਾਕਾਰ ਨਹੀਂ ਹੋ ਸਕਦਾ। ਅੱਜ ਹਰਿਆਣਾ ਦੇ

ਹਿਸਾਰ ਵਿੱਚ 'ਖੇਤ ਬਚਾਓ ਅਭਿਆਨ' ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਸ੍ਰੀ ਚੌਹਾਨ ਨੇ ਕਿਹਾ ਕਿ ਸਰਕਾਰ ਇੱਕ ਮੋਬਾਈਲ ਐਪ ਵਿਕਸਤ ਕਰਨ 'ਤੇ ਕੰਮ ਕਰ ਰਹੀ ਏ ਜੋ ਮਿੱਟੀ ਅਤੇ ਇਸ ਵਿੱਚ ਲੋੜੀਂਦੀ ਖਾਦ ਦੀ ਮਾਤਰਾ ਬਾਰੇ ਜਾਣਕਾਰੀ ਪ੍ਰਦਾਨ ਕਰੇਗੀ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਪੈਦਾਵਾਰ ਬਣਾਈ ਰੱਖਣ ਲਈ ਆਪਣੇ ਖੇਤਾਂ ਵਿੱਚ ਸੰਤੁਲਿਤ ਢੰਗ ਨਾਲ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ। BYTE:RNU300626

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸੂਬੇ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਉਨ੍ਹਾਂ ਦੀ ਸਰਕਾਰ ਇਸ ਸਾਲ ਦੇ ਅਖੀਰ ਤੱਕ 7 ਹਜ਼ਾਰ ਕਿਲੋਮੀਟਰ ਹੋਰ ਪਾਈਪ-ਲਾਈਨਾਂ ਵਿਛਾਏਗੀ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 14,000 ਕਿਲੋਮੀਟਰ ਪਾਈਪਲਾਈਨਾਂ ਪਹਿਲਾਂ ਹੀ ਵਿਛਾਈਆਂ ਜਾ ਚੁੱਕੀਆਂ ਨੇ। ਮੋਗਾ ਦੇ ਭੱਲੂਰ ਵਿਖੇ ਕੱਲ ਇੱਕ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਉਨ੍ਹਾਂ ਕਿਹਾ ਕਿ ਸਰਕਾਰ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵਾਟਰ ਰੀਚਾਰਜ ਪੁਆਇੰਟ ਵੀ ਬਣਾ ਰਹੀ ਏ । ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਲਗਭਗ 80 ਫੀਸਦ ਖੇਤੀਬਾੜੀ ਯੋਗ ਜ਼ਮੀਨ ਤੱਕ ਨਹਿਰੀ ਪਾਣੀ ਪਹੁੰਚਾਉਣਾ

ਯਕੀਨੀ ਬਣਾਇਆ ਏ । ਮੁੱਖ ਮੰਤਰੀ ਨੇ ਕਿਹਾ ਹੁਣ ਤੱਕ ਇਨ੍ਹਾਂ ਪਾਈਪਲਾਈਨਾਂ ਅਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਛੱਡਿਆ ਜਾ ਚੁੱਕਾ ਏ ਤਾਂ ਜੋ ਕਿਸਾਨਾਂ ਦੀ ਸਿੰਚਾਈ ਦੀਆਂ ਲੋੜਾਂ ਨੂੰ ਪੂਰਾ ਕਰਕੇ ਉਨ੍ਹਾਂ ਨੂੰ ਵੱਡਾ ਲਾਭ ਪਹੁੰਚਾਇਆ ਜਾ ਸਕੇ। ਨਹਿਰਾਂ ਅਤੇ ਨਦੀਆਂ ਵਿੱਚ ਰੀਚਾਰਜ ਪੁਆਇੰਟ ਰੱਖੇ ਗਏ ਨੇ ਤਾਂ ਜੋ ਪਾਣੀ ਦਾ ਪੱਧਰ ਉੱਚਾ ਚੁੱਕਿਆ ਜਾ ਸਕੇ ਅਤੇ ਇਸ ਨਾਲ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵਧਿਆ ਏ।

---------------------------------------------------------------------

ਪੰਜਾਬ ਵਿੱਚ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਫ਼ਲਤਾ 'ਤੇ ਤਸੱਲੀ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨੂੰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਨੇ। ਕੱਲ ਬਠਿੰਡਾ ਵਿਖੇ ਪੇਂਡੂ ਰੱਖਿਆ ਕਮੇਟੀਆਂ ਦੇ ਕੰਮਕਾਜ ਦਾ ਜਾਇਜ਼ਾ ਲੈਣ ਲਈ ਵਰਚੁਅਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਸ ਮੁਹਿੰਮ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਕੇ ਅਤੇ ਵੱਡੇ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਿਆ ਏ । ਇਸ ਮੁਹਿੰਮ ਵਿੱਚ ਕੋਈ ਵੀ ਢਿੱਲ ਨਾ ਵਰਤਣ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਾਰਵਾਈ, ਵੱਧ ਤੋਂ

ਵੱਧ ਜਨਤਕ ਭਾਗੀਦਾਰੀ ਦਾ ਸੱਦਾ ਦਿੱਤਾ ਤਾਂ ਜੋ ਨਸ਼ਿਆਂ ਖਿਲਾਫ ਫੈਸਲਾਕੁਨ ਜਿੱਤ ਹਾਸਲ ਕੀਤੀ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਪੇਂਡੂ ਰੱਖਿਆ ਕਮੇਟੀਆਂ ਦੇ ਮੈਂਬਰ ਆਪਣੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾ ਰਹੇ ਨੇ ਅਤੇ ਉਨ੍ਹਾਂ ਨੇ ਪਿਛਲੇ ਤਿੰਨ ਮਹੀਨਿਆਂ ਦੌਰਾਨ ਹੀ ਨਸ਼ਾ ਤਸਕਰਾਂ ਖ਼ਿਲਾਫ਼ 13, ਹਜ਼ਾਰ ਤੋਂ ਵੱਧ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹੇ ਵਿੱਚ ਹਰ ਮਹੀਨੇ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਈਆਂ ਜਾਣ ਅਤੇ ਉਹ ਖ਼ੁਦ ਮਹੀਨਾਵਾਰ ਸੂਬਾ ਪੱਧਰੀ ਮੀਟਿੰਗਾਂ ਵਿੱਚ ਉਨ੍ਹਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਨਗੇ ।

-----------------------------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਸਤਿਗੁਰੂ ਕਬੀਰ ਮਹਾਰਾਜ ਜੀ ਦਾ ਸਮਾਜਿਕ ਸਦਭਾਵਨਾ, ਸਮਾਨਤਾ ਅਤੇ ਭਾਈਚਾਰੇ ਦਾ ਸੰਦੇਸ਼ ਹਮੇਸ਼ਾ ਮਨੁੱਖਤਾ ਨੂੰ ਪ੍ਰੇਰਿਤ ਕਰਦਾ ਰਹੇਗਾ। ਕੱਲ ਸੰਤ ਕਬੀਰ ਜੀ ਦੇ ਪ੍ਰਕਾਸ਼ ਉਤਸਵ ਮੌਕੇ ਪੰਜਾਬ ਸਰਕਾਰ ਵੱਲੋਂ ਜਲੰਧਰ ਵਿਖੇ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਭਗਤ ਕਬੀਰ ਜੀ ਨੇ ਆਪਣਾ ਜੀਵਨ ਸਮਾਜਿਕ ਬੁਰਾਈਆਂ ਨੂੰ ਮਿਟਾਉਣ ਅਤੇ ਸੱਚ, ਦਇਆ, ਵਿਸ਼ਵ ਭਾਈਚਾਰੇ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦੇ ਆਦਰਸ਼ਾਂ ਨੂੰ ਫੈਲਾਉਣ ਲਈ

ਸਮਰਪਿਤ ਕਰ ਦਿੱਤਾ। ਕੈਬਨਿਟ ਮੰਤਰੀ ਨੇ ਮੰਦਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ 40 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।

---------------------------------------------------------------------------

ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਪ੍ਰਮੁੱਖ ਪੰਥਕ ਸ਼ਖ਼ਸੀਅਤਾਂ ਹਾਜ਼ਰ ਰਹੀਆਂ । ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜੱਥਿਆ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਸ੍ਰੀ ਗੜਗੱਜ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਵਕਤ ਦੀ ਹਕੂਮਤ ਖਿਲਾਫ਼ ਚਾਰ ਯੁੱਧ ਲੜੇ ਅਤੇ ਜਿੱਤ ਪ੍ਰਾਪਤ ਕੀਤੀ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ, ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ’ਤੇ ਚੱਲਣ ਦੀ ਪ੍ਰੇਰਣਾ ਕੀਤੀ। ਇਸ ਦੇ ਨਾਲ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ

ਗੁਰੂਦੁਆਰਾ ਜਨਮ ਅਸਥਾਨ ਗੁਰੂ ਕੀ ਵਡਾਲੀ ਵਿਖੇ ਵੀ ਵਿਸ਼ੇਸ਼ ਸਮਾਗਮ ਕੀਤਾ ਗਿਆ।

-------------------------------------------------------------------

ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਸਮਾਗਮਾਂ ’ਚ ਸ਼ਾਮਲ ਹੋਣ ਲਈ ਪਾਕਿਸਤਾਨ ਗਿਆ ਸ਼ਰਧਾਲੂਆਂ ਦਾ ਜਥਾ ਅੱਜ ਬਾਅਦ ਦੁਪਹਿਰ ਭਾਰਤ ਵਾਪਿਸ ਪਰਤ ਆਇਆ। ਸ਼੍ਰੋਮਣੀ ਕਮੇਟੀ ਦੇ ਮੈਂਬਰ ਖੁਸ਼ਵਿੰਦਰ ਸਿੰਘ ਭਾਟੀਆ ਦੀ ਅਗਵਾਈ ਹੇਠਲੇ ਇਸ ਜੱਥੇ ਦਾ ਅਟਾਰੀ-ਵਾਘਾ ਸਰਹੱਦ ਰਾਹੀਂ ਭਾਰਤ ਪਹੁੰਚਣ ਤੇ ਸ਼੍ਰੋਮਣੀ ਕਮੇਟੀ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਸ਼ਰਧਾਲੂਆਂ ਨੇ ਗੁਰਧਾਮਾਂ ਦੇ ਦਰਸ਼ਨਾਂ ਦਾ ਮੌਕਾ ਮਿਲਣ 'ਤੇ ਖੁਸ਼ੀ ਪ੍ਰਗਟਾਈ।

-------------------------------------------------------------------

ਮੌਸਮ ਵਿਭਾਗ ਨੇ ਪਹਿਲੀ ਜੁਲਾਈ ਤੋਂ ਮੌਸਮ ਵਿਚ ਉੱਤਰ-ਪੱਛਮੀ ਗੜਬੜੀ ਕਾਰਨ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਭਾਰੀ ਬਾਰਿਸ਼ ਅਤੇ ਤਾਪਮਾਨ ਵਿੱਚ ਗਿਰਾਵਟ ਦੀ ਪੇਸ਼ੀਨਗੋਈ ਕੀਤੀ ਏ । ਏਸ ਨਾਲ ਦੋਵਾਂ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਹਿੱਸਿਆਂ ਵਿੱਚ ਆਮ ਨਾਲੋਂ ਵੱਧ ਤਾਪਮਾਨ ਅਤੇ ਲੂ ਜਿਹੀ ਸਥਿਤੀ ਤੋਂ ਰਾਹਤ ਮਿਲੇਗੀ। ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਵੱਖ-ਵੱਖ ਥਾਵਾਂ 'ਤੇ ਪਹਿਲੀ ਤੋਂ 5 ਜੁਲਾਈ ਤੱਕ ਤੇਜ਼ ਹਵਾਵਾਂ ਚਲਣ ਅਤੇ ਗਰਜ

ਚਮਕ ਨਾਲ ਭਾਰੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ । ਵਿਭਾਗ ਨੇ ਅੱਜ ਵੀ ਪੰਜਾਬ ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਹਰਿਆਣਾ ਵਿੱਚ ਗਰਮੀ ਰਹਿਣ ਦੀ ਸੰਭਾਵਨਾ ਜਤਾਈ ਏ ।